ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.),
ਪੰਜਾਬ।

ਮੀਮੋ ਨੰ: 10/32-2014 ਸੈ.ਸਿ.(3)
ਮਿਤੀ, ਐਸ.ਏ.ਐਸ.ਨਗਰ: 19-10-2016

ਵਿਸ਼ਾ: ਰਾਜ ਦੇ ਸਮੂਹ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਅਤੇ ਬੋਲਣ ਤੇ ਪਾਬੰਦੀ ਬਾਰੇ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਸਾਲ 2008 ਵਿੱਚ " ਪੰਜਾਬੀ ਦੀ ਪੜ੍ਹਾਈ ਲਈ ਇੱਕ ਲਾਜ਼ਮੀ ਵਿਸ਼ਾ " ਐਕਟ ਪਾਸ ਕਰਨ ਮਗਰੋਂ ਵਿਧਾਨਕ ਅਤੇ ਕਾਨੂੰਨੀ ਵਿਭਾਗ ਵੱਲੋਂ ਮਿਤੀ 22.10.2008 ਨੂੰ ਇਸ ਸਬੰਧ ਵਿੱਚ ਨੋਟੀਫਿਕੇਸ਼ਨ ਵੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਐਕਟ ਦੀ ਧਾਰਾ 3(1) ਅਨੁਸਾਰ ਪੰਜਾਬੀ ਵਿਸ਼ੇ ਦੀ ਪੜ੍ਹਾਈ ਨੂੰ ਪਹਿਲੀ ਤੋਂ ਦਸਵੀਂ ਸ਼੍ਰੇਣੀ ਤੱਕ ਲਾਜ਼ਮੀ ਕਰਾਰ ਦਿੱਤਾ ਗਿਆ ਹੈ ਅਤੇ ਧਾਰਾ 3(2) ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਸੰਸਥਾ ਜਾਂ ਬੋਰਡ ਕਿਸੇ ਵੀ ਵਿਦਿਆਰਥੀ ਨੂੰ 10 ਵੀਂ ਸ਼੍ਰੇਣੀ ਪਾਸ ਕਰਨ ਦਾ ਉਦੋਂ ਤੱਕ ਸਰਟੀਫਿਕੇਟ ਜਾਰੀ ਨਹੀਂ ਕਰੇਗਾ, ਜਦੋਂ ਤੱਕ ਸਬੰਧਤ ਵਿਦਿਆਰਥੀ ਨੇ 10ਵੀਂ ਸ਼੍ਰੇਣੀ ਵਿੱਚ ਪੰਜਾਬੀ ਵਿਸ਼ਾ ਪਾਸ ਨਾ ਕੀਤਾ ਹੋਵੇ। ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਰਾਜ ਦੇ ਬਹੁਤ ਸਾਰੇ ਗੈਰ-ਸਰਕਾਰੀ ਸਕੂਲ ਵਿਸ਼ੇਸ਼ ਤੌਰ ਤੇ ਜਿਹੜੇ ਸੀ.ਬੀ.ਐਸ.ਈ./ਆਈ.ਸੀ.ਐਸ.ਈ. ਬੋਰਡ ਨਾਲ ਸਬੰਧਤ ਹਨ, ਵੱਲੋਂ ਅਜੇ ਤੱਕ ਵੀ ਪਹਿਲੀ ਤੋਂ ਦਸਵੀਂ ਸ਼੍ਰੇਣੀ ਤੱਕ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਵਿਸ਼ੇ ਵੱਜੋਂ ਨਹੀਂ ਕਰਵਾਈ ਜਾ ਰਹੀ। ਇਹ ਵੀ ਧਿਆਨ ਵਿੱਚ ਆਇਆ ਹੈ ਕਿ ਕਈ ਗੈਰ-ਸਰਕਾਰੀ ਸਕੂਲਾਂ ਨੇ, ਸਕੂਲਾਂ ਦੇ ਅੰਦਰ ਪੰਜਾਬੀ ਬੋਲਣ ਤੇ ਪਾਬੰਦੀਆਂ ਲਗਾਈਆਂ ਹੋਈਆਂ ਹਨ ਅਤੇ ਵਿਦਿਆਰਥੀਆਂ ਦੇ ਉਲੰਘਣਾ ਕਰਨ ਤੇ ਸਜਾਵਾਂ ਵੀ ਦਿੱਤੀਆਂ ਜਾਂਦੀਆਂ ਹਨ। ਪੰਜਾਬੀ ਭਾਸ਼ਾ ਦੇ ਅਧਾਰ ਤੇ ਗਠਿਤ ਸੂਬੇ ਵਿੱਚ ਅਜਿਹਾ ਹੋਣਾ ਰਾਜ ਦੇ ਲੋਕਾਂ ਦੀ ਮਾਂ ਬੋਲੀ ਦਾ ਨਿਰਾਦਰ ਹੈ ਅਤੇ ਅਜਿਹਾ ਅਮਲ ਬੱਚਿਆਂ ਦੇ ਮੌਲਿਕ ਅਧਿਕਾਰਾਂ ਦੀ ਵੀ ਉਲੰਘਣਾ ਹੈ। ਆਪ ਨੂੰ ਪਹਿਲਾਂ ਵੀ ਕਈ ਵਾਰ ਲਿਖਿਆ ਜਾ ਚੁੱਕਾ ਹੈ ਕਿ ਆਪਣੇ ਜਿਲ੍ਹੇ ਦੇ ਗੈਰ-ਸਰਕਾਰੀ ਸਕੂਲਾਂ ਨੂੰ ਸੂਚਿਤ ਕਰਕੇ ਇਹ ਸਿਲਸਿਲਾ ਬੰਦ ਕਰਵਾਉਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ ਅਤੇ ਐਕਟ ਸਬੰਧੀ ਧਾਰਾਵਾਂ ਦੀ ਇੰਨ-ਬਿੰਨ ਪਾਲਣਾ ਕਰਵਾਉਣੀ ਯਕੀਨੀ ਬਣਾਈ ਜਾਵੇ। ਪ੍ਰੰਤੂ ਅਜੇ ਤੱਕ ਇਸ ਸਬੰਧੀ ਕੋਈ ਪਾਲਣਾ ਨਹੀਂ ਕੀਤੀ ਗਈ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜਿਲ੍ਹੇ ਦੇ ਅਧੀਨ ਪੈਂਦੇ ਸਕੂਲਾਂ ਸਬੰਧੀ ਸੂਚਿਤ ਕੀਤਾ ਜਾਵੇ ਕਿ ਪੰਜਾਬ ਐਕਟ 2008 ਦੀ ਪਾਲਣਾ ਕਿਹੜੇ ਸਕੂਲਾਂ ਵੱਲੋਂ ਨਹੀਂ ਕੀਤੀ ਜਾ ਰਹੀ ਅਤੇ ਇਸ ਤੋਂ ਇਲਾਵਾ ਮੁੜ ਕੀਤੇ ਜਾਣ ਵਾਲੇ ਨਿਰੀਖਣ ਸਮੇਂ ਇਹ ਵੀ ਚੈਕ ਕੀਤਾ ਜਾਵੇ ਕਿ ਇਨ੍ਹਾਂ ਸਕੂਲਾਂ ਵਿੱਚ ਹਿੰਦੀ ਨਿਯਮਾਂ/ਹਦਾਇਤਾਂ ਅਨੁਸਾਰ ਪੜ੍ਹਾਈ ਜਾ ਰਹੀ ਹੈ।

ਸੂਚਨਾ ਹੇਠ ਲਿਖੇ ਪਰਫਾਰਮੇ ਅਨੁਸਾਰ ਹੀ ਭੇਜੀ ਜਾਵੇ।

ਲੜੀ ਨੰ	ਜਿਲ੍ਹੇ ਵਿੱਚ ਪੈਂਦੇ ਕੁਲ ਸਕੂਲਾਂ ਦੀ ਗਿਣਤੀ ਪ੍ਰਾਈਵੇਟ/ਏਡਿਡ	ਸਕੂਲ ਦਾ ਨਾਮ	ਸਕੂਲ ਕਿਸ ਪੱਧਰ ਤੱਕ ਹੈ	ਪੰ:ਸ:ਸਿੱ:ਬੋਰਡ /ਸੀ.ਬੀ.ਐਸ.ਈ/ ਆਈ.ਸੀ.ਐਸ.ਈ	ਪੰਜਾਬੀ ਕਿਸ ਜਮਾਤ ਤੋਂ ਕਿਸ ਜਮਾਤ ਤੱਕ ਪੜ੍ਹਾਈ ਜਾਂਦੀ ਹੈ।(ਇੱਕ ਤੋਂ ਦੱਸਵੀਂ)	ਹਿੰਦੀ ਕਿਸ ਜਮਾਤ ਤੋਂ ਕਿਸ ਜਮਾਤ ਤੱਕ ਪੜ੍ਹਾਈ ਜਾਂਦੀ ਹੈ।(ਤਿੰਨ ਤੋਂ ਦੱਸਵੀਂ)	ਵਿਸ਼ੇਸ਼ ਕਥਨ

ਡਿਪਟੀ ਡਾਇਰੈਕਟਰ (ਪ੍ਰਾ.ਏ.ਸ.)

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ~~ਅਧਿਕਾਰੀ~~

"15" ਪੱਤਰ ਨੰ. ਬੀ-5/2016-4582
ਮਿਤੀ ਅੰਮ੍ਰਿਤਸਰ: 3/11/16

ਉਪਰੋਕਤ ਦਾ ਉਤਾਰਾ ਸਮੂਹ ਗੈਰ ਸਰਕਾਰੀ/ਏਡਿਡ/ਪ੍ਰਾਈਵੇਟ ਸਕੂਲਾਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਪਰੋਕਤ ਪੱਤਰ ਵਿਚ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਅਤੇ ਪੱਤਰ ਵਿਚ ਦਿੱਤੇ ਹੋਏ ਪ੍ਰੋਫਾਰਮੇ ਅਨੁਸਾਰ ਸੂਚਨਾ ਇਸ ਦਫਤਰ ਨੂੰ ਭੇਜੀ ਜਾਵੇ।

ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:)
ਅੰਮ੍ਰਿਤਸਰ।